# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times    05 ਅਕਤੂਬਰ 2024 ਦਿਨ ਸ਼ਨੀਵਾਰ    ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਕੈਨੇਡਾ: ਬੀ.ਸੀ. ਅਸੈਂਬਲੀ ਚੋਣਾਂ-2024

### 93 ਮੈਂਬਰੀ ਵਿਧਾਨ ਸਭਾ ਲਈ 37 ਪੰਜਾਬੀਆਂ ਸਮੇਤ ਕੁੱਲ 323 ਉਮੀਦਵਾਰ ਚੋਣ ਮੈਦਾਨ 'ਚ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 5 ਅਕਤੂਬਰ : ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ ਵਿੱਚ 19 ਅਕਤੂਬਰ ਨੂੰ ਹੋ ਰਹੀਆਂ ਵਿਧਾਨ ਸਭਾ ਚੋਣਾਂ ਦੇ ਲਈ ਇਲੈਕਸ਼ਨ ਬੀ.ਸੀ. ਨੇ ਉਮੀਦਵਾਰਾਂ ਦੇ ਨਾਵਾਂ ਦੀ ਸੂਚੀ ਵੀ ਜਾਰੀ ਕਰ ਦਿੱਤੀ ਹੈ। ਇਸ ਸੂਚੀ ਅਨੁਸਾਰ 93 ਮੈਂਬਰੀ ਵਿਧਾਨ ਸਭਾ ਲਈ ਕੁੱਲ 323 ਉਮੀਦਵਾਰ ਚੋਣ ਮੈਦਾਨ ਵਿਚ ਹਨ। ਸੱਤਾਧਾਰੀ ਨਿਊ ਡੈਮੋਕਰੇਟਿਕ ਪਾਰਟੀ ਅਤੇ ਦੂਜੀ ਮੁੱਖ ਪਾਰਟੀ ਕੰਸਰਵੇਟਿਵ ਪਾਰਟੀ ਆਫ ਬੀ.ਸੀ. ਨੇ 93 ਦੀਆਂ 93 ਸੀਟਾਂ ਉੱਪਰ ਆਪਣੇ ਉਮੀਦਵਾਰ ਖੜ੍ਹੇ ਕੀਤੇ ਹਨ, ਗ੍ਰੀਨ ਪਾਰਟੀ 69 ਸੀਟਾਂ ਉੱਪਰ ਚੋਣ ਲੜ ਰਹੀ ਹੈ, ਕਮਿਊਨਿਸਟ ਪਾਰਟੀ ਆਫ ਬੀ.ਸੀ. ਦੇ 3, ਫਰੀਡਮ ਪਾਰਟੀ ਆਫ ਬੀ.ਸੀ. ਦੇ 5, ਕ੍ਰਿਸ਼ਚੀਅਨ ਹੈਰੀਟੇਜ ਪਾਰਟੀ ਆਫ ਬੀਸੀ ਦੇ 2 ਅਤੇ 54 ਆਜ਼ਾਦ ਜਾਂ ਗ਼ੈਰ-ਸੰਬੰਧਿਤ ਉਮੀਦਵਾਰ ਵਿਧਾਇਕ ਬਣਨ ਦੇ ਲਈ ਆਪਣੀ ਕਿਸਮਤ ਅਜ਼ਮਾ ਰਹੇ ਹਨ।




ਜ਼ਿਕਰਯੋਗ ਹੈ ਕਿ ਇਨ੍ਹਾਂ ਚੋਣਾਂ ਵਿਚ ਵੱਖ ਵੱਖ ਪਾਰਟੀਆਂ ਵੱਲੋਂ ਅਤੇ ਆਜ਼ਾਦ ਤੌਰ 'ਤੇ 37 ਪੰਜਾਬੀ ਉਮੀਦਵਾਰ ਚੋਣ ਅਖਾੜੇ ਵਿਚ ਨਿੱਤਰੇ ਹਨ। ਇਨ੍ਹਾਂ ਵਿਚ ਨਿਊ ਡੈਮੋਕਰੇਟਿਕ ਪਾਰਟੀ ਵੱਲੋਂ ਰਾਜ ਚੌਹਾਨ, ਜਗਰੂਪ ਬਰਾੜ, ਨਿੱਕੀ ਸ਼ਰਮਾ, ਰਵੀ ਕਾਹਲੋਂ, ਰਚਨਾ ਸਿੰਘ, ਹਰਵਿੰਦਰ ਕੌਰ ਸੰਧੂ, ਜਿੰਨੀ ਸਿਮਸ, ਬਲਤੇਜ ਸਿੰਘ ਢਿੱਲੋਂ, ਸਾਰਾ ਕੂਨਰ, ਰਵੀ ਪਰਮਾਰ, ਕਮਲ ਗਰੇਵਾਲ, ਜੈਸੀ ਸੁੰਨੜ, ਰੀਆ ਅਰੋੜਾ, ਅਮਨ ਸਿੰਘ, ਸੁਨੀਤਾ ਧੀਰ, ਹਰਪ੍ਰੀਤ ਬਡੋਹਲ ਅਤੇ ਸੈਮ ਅਟਵਾਲ ਨੂੰ ਟਿਕਟ ਦਿਤੀ ਗਈ ਹੈ।

ਕੰਸਰਵੇਟਿਵ ਪਾਰਟੀ ਆਫ ਬੀ.ਸੀ. ਵੱਲੋਂ ਮਨਦੀਪ ਧਾਲੀਵਾਲ, ਤੇਗਜੋਤ ਬੱਲ, ਜੋਡੀ ਤੂਰ, ਅਵਤਾਰ ਸਿੰਘ ਗਿੱਲ, ਹਰਮਨ ਭੰਗੂ, ਦੀਪਕ ਸੂਰੀ, ਸਟੀਵ ਕੂਨਰ, ਧਰਮ ਕਾਜਲ, ਹੋਣਵੀਰ ਸਿੰਘ ਰੰਧਾਵਾ, ਜੈਗ ਸੰਘੇੜਾ, ਸੈਮ ਕੰਦੋਲਾ, ਰਾਜੀਵ ਵਿਓਲੀ ਤੇ ਅਰੁਣ ਲਗੇਰੀ ਨੂੰ ਮੈਦਾਨ ਵਿਚ ਉਤਾਰਿਆ ਗਿਆ ਹੈ, ਗ੍ਰੀਨ ਪਾਰਟੀ ਨੇ ਮਨਜੀਤ ਸਿੰਘ ਸਹੋਤਾ ਤੇ ਸਿਮ ਸੰਧੂ ਅਤੇ ਫਰੀਡਮ ਪਾਰਟੀ ਆਫ ਪੀਸੀ ਨੇ ਅਮਿਤ ਬੜਿੰਗ, ਪਰਮਜੀਤ ਰਾਏ ਅਤੇ ਕਿਰਨ ਹੁੰਦਲ ਨੂੰ ਚੋਣ ਮੈਦਾਨ ਵਿਚ ਲਿਆਂਦਾ ਹੈ ਅਤੇ ਅਮਨਦੀਪ ਸਿੰਘ, ਜੋਗਿੰਦਰ ਸਿੰਘ ਰੰਧਾਵਾ, ਜਪਰੀਤ ਲਹਿਲ ਤੇ ਸ਼ੌਕ ਨਿੱਝਰ ਆਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਹਨ।

ਜ਼ਿਕਰਯੋਗ ਹੈ ਕਿ ਇਨ੍ਹਾਂ ਚੋਣਾਂ ਵਿਚ ਵੱਖ ਵੱਖ ਪਾਰਟੀਆਂ ਵੱਲੋਂ ਅਤੇ ਆਜ਼ਾਦ ਤੌਰ 'ਤੇ 37 ਪੰਜਾਬੀ ਉਮੀਦਵਾਰ ਚੋਣ ਅਖਾੜੇ ਵਿਚ ਨਿੱਤਰੇ ਹਨ। ਇਨ੍ਹਾਂ ਵਿਚ ਨਿਊ ਡੈਮੋਕਰੇਟਿਕ ਪਾਰਟੀ ਵੱਲੋਂ ਰਾਜ ਚੌਹਾਨ, ਜਗਰੂਪ ਬਰਾੜ, ਨਿੱਕੀ ਸ਼ਰਮਾ, ਰਵੀ ਕਾਹਲੋਂ, ਰਚਨਾ ਸਿੰਘ, ਹਰਵਿੰਦਰ ਕੌਰ ਸੰਧੂ, ਜਿੰਨੀ ਸਿਮਸ, ਬਲਤੇਜ ਸਿੰਘ ਢਿੱਲੋਂ, ਸਾਰਾ ਕੂਨਰ, ਰਵੀ ਪਰਮਾਰ, ਕਮਲ ਗਰੇਵਾਲ, ਜੈਸੀ ਸੁੰਨੜ, ਰੀਆ ਅਰੋੜਾ, ਅਮਨ ਸਿੰਘ, ਸੁਨੀਤਾ ਧੀਰ, ਹਰਪ੍ਰੀਤ ਬਡੋਹਲ ਅਤੇ ਸੈਮ ਅਟਵਾਲ ਨੂੰ ਟਿਕਟ ਦਿਤੀ ਗਈ ਹੈ।

ਕੰਸਰਵੇਟਿਵ ਪਾਰਟੀ ਆਫ ਬੀ.ਸੀ. ਵੱਲੋਂ ਮਨਦੀਪ ਧਾਲੀਵਾਲ, ਤੇਗਜੋਤ ਬੱਲ, ਜੋਡੀ ਤੂਰ, ਅਵਤਾਰ ਸਿੰਘ ਗਿੱਲ, ਹਰਮਨ ਭੰਗੂ, ਦੀਪਕ ਸੂਰੀ, ਸਟੀਵ ਕੂਨਰ, ਧਰਮ ਕਾਜਲ, ਹੋਣਵੀਰ ਸਿੰਘ ਰੰਧਾਵਾ, ਜੈਗ ਸੰਘੇੜਾ, ਸੈਮ ਕੰਦੋਲਾ, ਰਾਜੀਵ ਵਿਓਲੀ ਤੇ ਅਰੁਣ ਲਗੇਰੀ ਨੂੰ ਮੈਦਾਨ ਵਿਚ ਉਤਾਰਿਆ ਗਿਆ ਹੈ, ਗ੍ਰੀਨ ਪਾਰਟੀ ਨੇ ਮਨਜੀਤ ਸਿੰਘ ਸਹੋਤਾ ਤੇ ਸਿਮ ਸੰਧੂ ਅਤੇ ਫਰੀਡਮ ਪਾਰਟੀ ਆਫ ਪੀਸੀ ਨੇ ਅਮਿਤ ਬੜਿੰਗ, ਪਰਮਜੀਤ ਰਾਏ ਅਤੇ ਕਿਰਨ ਹੁੰਦਲ ਨੂੰ ਚੋਣ ਮੈਦਾਨ ਵਿਚ ਲਿਆਂਦਾ ਹੈ ਅਤੇ ਅਮਨਦੀਪ ਸਿੰਘ, ਜੋਗਿੰਦਰ ਸਿੰਘ ਰੰਧਾਵਾ, ਜਪਰੀਤ ਲਹਿਲ ਤੇ ਸ਼ੌਕ ਨਿੱਝਰ ਆਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਹਨ।

## ਸਿਲਵਰ ਓਕਸ ਸਕੂਲ ਸੇਵੇਵਾਲਾ ਵਲੋਂ 'ਵਿਦਿਅਕ ਟੂਰ' ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਜੈਤੋ/ਕੋਟਕਪੂਰਾ, 5 ਅਕਤੂਬਰ : ਸਿਲਵਰ ਆਕਸ ਸਕੂਲ, ਸੇਵੇਵਾਲਾ ਨੇ ਤੀਜੀ ਤੋਂ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਲਈ ਸਾਇੰਸ ਸਿਟੀ (ਕਪੂਰਥਲਾ) ਅਤੇ ਰੰਗਲਾ ਪੰਜਾਬ (ਜਲੰਧਰ) ਦੇ ਵਿਦਿਅਕ ਟੂਰ ਦਾ ਆਯੋਜਨ ਕੀਤਾ। ਇਸ ਟੂਰ ਦਾ ਉਦੇਸ਼ ਵਿਦਿਆਰਥੀਆਂ ਵਿੱਚ ਨਵੇਂ ਗਿਆਨ ਦਾ ਵਿਕਾਸ ਕਰਨਾ, ਉਨ੍ਹਾਂ ਦੀ ਸਿੱਖਿਆ ਵਿੱਚ ਵਾਧਾ ਕਰਨਾ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਹੈ। ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵਿਖੇ ਭੌਤਿਕ, ਕੁਦਰਤੀ ਅਤੇ ਸਮਾਜਿਕ ਵਿਗਿਆਨ, ਇੰਜੀਨੀਅਰਿੰਗ, ਤਕਨਾਲੋਜੀ, ਖੇਤੀਬਾੜੀ, ਸਿਹਤ ਵਿਗਿਆਨ, ਊਰਜਾ, ਉਦਯੋਗ, ਮਨੁੱਖੀ ਵਿਕਾਸ ਅਤੇ ਸਭਿਅਤਾ, ਵਾਤਾਵਰਨ, ਈਕੋ ਸਿਸਟਮ ਅਤੇ ਜੁਰਾਸਿਕ ਪਾਰਕ ਤੋਂ ਵਿਗਿਆਨ ਦੀ ਲਗਭਗ ਹਰ ਸਾਖਾ ਦਾ ਪ੍ਰਦਰਸਨ ਕੀਤਾ ਗਿਆ। ਵਿਦਿਆਰਥੀਆਂ ਨੇ ਫਨ ਸਾਇੰਸ ਗੈਲਰੀ, ਸਪੇਸ ਐਂਡ ਐਵੀਏਸ਼ਨ ਗੈਲਰੀ, ਅਮੇਜਿੰਗ ਲਿਵਿੰਗ ਮਸ਼ੀਨ ਗੈਲਰੀ, ਸਪੋਰਟਸ ਗੈਲਰੀ, ਐਨਰਜੀ ਪਾਰਕ, ਵਰਚੁਅਲ ਰਿਐਲਿਟੀ ਗੈਲਰੀ, ਸਾਈਬਰ ਸਪੇਸ



ਗੈਲਰੀ ਦਾ ਦੌਰਾ ਕੀਤਾ ਅਤੇ ਸਬੰਧਤ ਪੇਸ਼ਕਾਰੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਹ ਵਿਗਿਆਨ ਦੇ ਅਸਲ ਜੀਵਨ ਅਨੁਭਵਾਂ ਨੂੰ ਦੇਖ ਕੇ ਹੈਰਾਨ ਰਹਿ ਗਏ। ਉਨ੍ਹਾਂ ਨੇ ਗੁੰਬਦ ਦੇ ਆਕਾਰ ਦੇ ਥੀਏਟਰ ਵਿੱਚ ਸਾਨਦਾਰ 3-ਡੀ ਸ਼ੋਅ, ਲੇਜਰ ਸੋਅ ਅਤੇ ਇੱਕ ਵਿਸ਼ੇਸ਼ ਸ਼ੋਅ, "ਡਾਇਨਾਸੋਰ ਦੀਆਂ ਵੱਖ-ਵੱਖ ਗਤੀਵਿਧੀਆਂ" ਨੂੰ ਦੇਖ ਕੇ ਆਨੰਦ ਲਿਆ। ਇਸ ਤੋਂ ਬਾਅਦ ਬੱਚੇ 'ਕਲਾਈਮੇਟ ਚੇਂਜ ਜੋਨ' ਵਿਚ ਗਏ। ਜਿੱਥੇ ਵਿਦਿਆਰਥੀਆਂ ਨੇ ਜਲਵਾਯੂ ਪਰਿਵਰਤਨ ਅਤੇ ਜਰੂਰੀ ਸਾਵਧਾਨੀਆਂ ਬਾਰੇ ਸਿੱਖਿਆ ਆਉਣ ਵਾਲੀ ਪੀੜੀ ਦੇ ਭਵਿੱਖ ਬਾਰੇ ਚਾਨਣਾ ਪਾਇਆ। ਜਲੰਧਰ ਵਿਖੇ ਰੰਗਲਾ ਪੰਜਾਬ ਹਵੇਲੀ ਜੋ ਕਿ ਸੱਭਿਆਚਾਰਕ ਅਜਾਇਬ ਘਰ ਅਤੇ ਸ਼ੋਅ ਹਾਊਸ ਹੈ, ਜਿਸ 'ਚ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ, ਕਲਾ ਅਤੇ ਰਵਾਇਤੀ ਜੀਵਨ ਸੈਲੀ ਬਾਰੇ ਜਾਣਕਾਰੀ ਦਿੱਤੀ ਗਈ। ਰੰਗਲਾ ਪੰਜਾਬ ਵਿਖੇ ਵਿਦਿਆਰਥੀਆਂ ਨੂੰ ਕੰਪਲੈਕਸ ਲਾਈਵ ਪ੍ਰਦਰਸ਼ਨ, ਲੋਕ ਨਾਚ, ਜਾਦੂ ਦੇ ਸ਼ੋਅ ਅਤੇ ਕੱਠਪੁਤਲੀ ਸ਼ੋਅ ਵੀ ਵਿਖਾਏ ਗਏ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੇ ਪੁਰਾਣੇ ਰੀਤੀ ਰਿਵਾਜ, ਨੈਤਿਕ ਕਦਰਾਂ ਕੀਮਤਾਂ ਬਾਰੇ ਜਾਣੂੰ ਕਰਵਾਇਆ ਗਿਆ। ਇਸ ਤੋਂ ਬਾਅਦ ਰੰਗਲਾ ਪੰਜਾਬ ਵਿਖੇ ਵਿਦਿਆਰਥੀਆਂ ਲਈ ਸੁਆਦੀ ਭੋਜਨ ਦਾ ਪ੍ਰਬੰਧ ਕੀਤਾ ਗਿਆ। ਜਿੱਥੇ ਵਿਦਿਆਰਥੀਆਂ ਨੇ ਪੰਜਾਬੀ ਪਕਵਾਨਾਂ ਦਾ ਆਨੰਦ ਮਾਣਿਆ। ਇਸ ਯਾਤਰਾ ਦੌਰਾਨ ਬੱਚਿਆਂ ਦੇ ਉਤਸਾਹ ਅਤੇ ਆਨੰਦ ਨੂੰ ਦੇਖਦਿਆਂ ਸਕੂਲ ਦੀ ਪ੍ਰਿੰਸੀਪਲ ਪ੍ਰਿਅੰਕਾ ਮਹਿਤਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਅਜਿਹੇ ਜਾਣਕਾਰੀ ਭਰਪੂਰ ਟੂਰ ਆਯੋਜਿਤ ਕਰਦੇ ਰਹਿਣਗੇ। ਉਹਨਾਂ ਇਹ ਵੀ ਕਿਹਾ ਕਿ ਅਜਿਹੇ ਟੂਰ ਦਾ ਪ੍ਰਬੰਧ ਕਰਨਾ ਵਿਦਿਆਰਥੀਆਂ ਦੇ ਮਨੋਰੰਜਨ ਦੇ ਨਾਲ-ਨਾਲ ਗਿਆਨ 'ਚ ਵੀ ਵਾਧਾ ਕਰਨਾ ਹੁੰਦਾ ਹੈ। ਇਹ ਇੱਕ ਜਾਣਕਾਰੀ ਭਰਪੂਰ ਅਤੇ ਆਨੰਦਦਾਇਕ ਟੂਰ ਸੀ।

## ਡਾ. ਰਤਨ ਅੰਮ੍ਰਿਤਸਰੀ ਦੇ 20ਵੇਂ ਸਮ੍ਰਿਤੀ ਸਮਾਗਮ ਮੌਕੇ ਕਵੀ ਦਰਬਾਰ ਤੇ ਸਨਮਾਨ ਸਮਾਗਮ ਸੰਪੰਨ

ਵਰਲਡ ਪੰਜਾਬੀ ਟਾਈਮਜ਼ ਬਲਜਿੰਦਰ ਕੌਰ ਸ਼ੇਰਗਿੱਲ

ਮੁਹਾਲੀ, 05 ਅਕਤੂਬਰ : ਮਹਾਨ ਸਮਾਜ ਸੇਵੀ, ਪਰੋਪਕਾਰੀ, ਲੋੜਵੰਦਾਂ ਦੁੱਖੀਆਂ ਦੇ ਦਰਦੀ, ਉਸਾਰੂ ਅਗਾਂਹਵਧੂ ਤੇ ਸਿੱਖਿਆ ਭਰਪੂਰ ਵਿਚਾਰਾਂ ਦੇ ਮਾਲਕ ਮਹਾਨ ਕਵੀ ਮਰਹੂਮ ਡਾ. ਰਤਨ ਚੰਦ ਰਤਨ ਅੰਮ੍ਰਿਤਸਰੀ ਦੀ ਮਿੱਠੀ ਪਿਆਰੀ ਯਾਦ ਨੂੰ ਸਮਰਪਿਤ 20ਵਾਂ ਸਮ੍ਰਿਤੀ ਸਮਾਗਮ ਕੋਠੀ ਨੰ:349, ਫੇਜ਼-4, ਮੋਹਾਲੀ ਵਿਖੇ ਉਨ੍ਹਾਂ ਦੇ ਆਗਿਆਕਾਰੀ ਸਪੁੱਤਰਾਂ ਡਾ. ਅਸ਼ਵਨੀ ਕੁਮਾਰ ਸ਼ਰਮਾ, ਡਾ. ਵਿਜੇ ਕੁਮਾਰ ਸ਼ਰਮਾ ਅਤੇ ਸਾਰੇ ਪਰਿਵਾਰ ਵੱਲੋਂ ਸਾਹਿਤ ਕਲਾ ਸੱਭਿਆਚਾਰ ਮੰਚ (ਰਜਿ:) ਮੁਹਾਲੀ ਦੇ ਸਹਿਯੋਗ ਨਾਲ ਕਵੀ ਦਰਬਾਰ ਅਤੇ ਸਨਮਾਨ ਸਮਾਗਮ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸ਼੍ਰੋਮਣੀ ਸਾਹਿਤਕਾਰ ਪ੍ਰੋ. ਮਨਮੋਹਨ ਸਿੰਘ ਦਾਊਂ ਸਮਾਗਮ ਦੇ ਪ੍ਰਧਾਨ, ਸ਼੍ਰੀ ਬੀ.ਡੀ. ਕਾਲੀਆ ਹਮਦਮ ਮੁੱਖ ਮਹਿਮਾਨ, ਸੂਫੀ ਸ਼ਾਇਰ ਜਸਪਾਲ ਸਿੰਘ ਦੇਸੂਵੀ, ਸ਼੍ਰੀ ਐਮ.ਬੀ.ਐਸ. ਸ਼ੇਰਗਿੱਲ, ਡਾਇਰੈਕਟਰ ਪੈਰਾਗਾਨ ਸੈਕਟਰ-69 ਅਤੇ ਸ਼੍ਰੋਮਣੀ ਬਾਲ ਸਾਹਿਤਕਾਰ ਕਰਨਲ ਜਸਬੀਰ ਭੁੱਲਰ ਵਿਸ਼ੇਸ਼ ਮਹਿਮਾਨ ਵਜੋਂ ਬਿਰਾਜਮਾਨ ਸਨ। ਪ੍ਰਧਾਨਗੀ ਮੰਡਲ ਦੁਆਰਾ ਸ਼ਮ੍ਹਾ ਰੌਸ਼ਨ ਕੀਤੇ ਜਾਣ ਉਪਰੰਤ ਮੰਚ ਦੀ ਜਨਰਲ ਸਕੱਤਰ ਸੁਧਾ ਜੈਨ ਸੁਦੀਪ ਨੇ ਸਰਸਵਤੀ ਵੰਦਨਾ ਦਾ ਗਾਇਨ ਕੀਤਾ। ਡਾ. ਰਤਨ ਦੀ ਨੂੰਹ ਰਾਣੀ ਪ੍ਰੇਮ ਲਤਾ ਸ਼ਰਮਾ ਨੇ ਸਵਾਗਤੀ ਸ਼ਬਦ ਆਖੇ।



ਮੰਚ ਦੇ ਪ੍ਰਧਾਨ ਤੇ ਸੰਚਾਲਕ ਬਾਬੂ ਰਾਮ ਦੀਵਾਨਾ ਨੇ ਪ੍ਰਧਾਨਗੀ ਮੰਡਲ ਵਿੱਚ ਬਿਰਾਜਮਾਨ ਸ਼ਖਸ਼ੀਅਤਾਂ ਦੀ ਜਾਣ-ਪਛਾਣ ਕਰਵਾਈ। ਕਵੀ ਮੰਚ ਦੇ ਪ੍ਰਧਾਨ ਸ਼੍ਰੀ ਭਗਤ ਰਾਮ ਰੰਗਾੜਾ ਨੇ ਡਾ. ਰਤਨ ਜੀ ਦੇ ਜੀਵਨ ਅਤੇ ਸਾਹਿਤਕ ਯੋਗਦਾਨ ਬਾਰੇ ਸੰਖੇਪ ਰੂਪ ਵਿੱਚ ਚਾਨਣਾ ਪਾਇਆ। ਉਪਰੰਤ ਹਾਜ਼ਰ ਕਵੀ/ਕਵਿਤ੍ਰੀਆਂ ਨੇ ਡਾ. ਰਤਨ ਜੀ ਦੀਆਂ ਕਵਿਤਾਵਾਂ ਪੇਸ਼ ਕੀਤੀਆਂ। ਜਿਸ ਵਿੱਚ ਜਸਵਿੰਦਰ ਕਾਈਨੌਰ 'ਕੁਰਾਹੇ' ਕਵਿਤਾ ਪੇਸ਼ ਕਰਦਿਆਂ ਆਖਿਆ 'ਕੀ ਮੰਜ਼ਿਲ ਹੈ ਤੇਰੀ ਕਿੱਧਰ ਜਾ ਰਿਹਾ ਹੈ?', ਪਿਆਰਾ ਸਿੰਘ ਨੇ 'ਮਹਿਕ' ਗੀਤ ਬਾਤਰੰਨੁਮ ਪੇਸ਼ ਕੀਤਾ, ਮਲਕੀਤ ਬਸਰਾ ਨੇ 'ਪਰਿਵਾਰਕ ਸਾਂਝ' ਕਵਿਤਾ ਰਾਹੀਂ ਪਰਿਵਾਰਕ ਇਕਸੁਰਤਾ ਦੀ ਮਹੱਤਤਾ ਦਰਸਾਈ, ਕਸ਼ਮੀਰ ਘੇਸਲ ਨੇ 'ਆਗਿਆਕਾਰੀ' ਕਵਿਤਾ ਪੇਸ਼ ਕੀਤੀ ਤੇ ਸੰਤੋਸ਼ ਗਰਗ ਦੀ ਕਵਿਤਾ ਦੇ ਬੋਲ ਸਨ 'ਜੇਕਰ ਜਗ ਵਿੱਚ ਪਿਆਰ ਨਾ ਹੁੰਦਾ", ਡਾ. ਪੰਨਾ ਲਾਲ ਮੁਸਤਫ਼ਾਬਾਦੀ ਨੇ 'ਮੰਡਲ ਤੇ ਤਾਰੇ' ਕਵਿਤਾ ਰਾਹੀਂ ਕਵੀ ਮੰਡਲ ਦੇ ਮੈਂਬਰਾਂ ਦੀ ਯਾਦ ਦਿਵਾਈ, ਨੀਲਮ ਬਚਨ ਨੇ 'ਪ੍ਰੀਤਮ ਬੋਲ ਤੂੰ ਮਿੱਠੜੇ ਬੋਲ' ਗਾ ਕੇ ਸਮਾਂ ਬੰਨ੍ਹ ਦਿੱਤਾ। ਪ੍ਰਿੰ. ਬਹਾਦਰ ਸਿੰਘ ਗੋਸਲ ਨੇ 'ਪਾਰਸ ਰਾਜਾ' ਕਵਿਤਾ ਪੇਸ਼ ਕੀਤੀ। ਡਾ. ਨਿਰਮਲ ਸੂਦ ਨੇ ਹਿੰਦੀ ਕਵਿਤਾ ਰਾਹੀਂ ਪਿਤਾ ਦੀਆਂ ਯਾਦਾਂ ਸਾਂਝੀਆਂ ਕੀਤੀਆਂ। ਪੰਜਾਬ ਸਕੱਤਰੇਤ ਸਾਹਿਤ ਸਭਾ ਦੇ ਪ੍ਰਧਾਨ ਮਲਕੀਤ ਸਿੰਘ ਔਜਲਾ ਨੇ ਚੰਡੀਗੜ੍ਹ ਵਸਾਉਣ ਲਈ 28 ਪਿੰਡਾਂ ਦੇ ਕੀਤੇ ਗਏ ਉਜਾੜੇ ਦੀ ਦਰਦ ਕਹਾਣੀ ਗੀਤ ਰਾਹੀਂ ਪੇਸ਼ ਕੀਤੀ। ਰਣਜੋਧ ਰਾਣਾ ਨੇ ਗੀਤ ਰਾਹੀਂ ਸੁੰਦਰ ਹਾਜ਼ਰੀ ਲਵਾਈ। ਵਿਮਲਾ ਗੁਗਲਾਨੀ ਨੇ 'ਕੀ ਜ਼ਰੂਰੀ ਹੈ' ਕਾਵਿਤਾ ਰਾਹੀਂ ਵਧੀਆ ਸ਼ਰਧਾਂਜਲੀ ਭੇਂਟ ਕੀਤੀ। ਜਤਿੰਤਰ ਵਰਮਾ ਨੇ 'ਮੰਜ਼ਿਲ' ਕਵਿਤਾ ਪੇਸ਼ ਕੀਤੀ। ਇਨ੍ਹਾਂ ਤੋਂ ਛੁਟ ਜਤਿੰਦਰ ਵਰਮਾ, ਕਿਰਨ ਸੇਤੀਆ, ਬਾਬੂ ਰਾਮ ਦੀਵਾਨਾ, ਕੁਵਮ ਭਾਰਦਵਾਜ (ਡਾ. ਰਤਨ ਜੀ ਦੀ ਪੜ੍ਹਦੋਹਤੀ) ਗੁਰਪ੍ਰੀਤ ਨਿਆਮੀਆਂ, ਰਾਜ ਕੁਮਾਰ ਸਾਹੋਵਾਲੀਆਂ ਆਦਿ ਨੇ ਵੀ ਕਾਵਿਕ ਹਾਜ਼ਰੀ ਲੁਆਈ।

ਸ਼੍ਰੀ ਬੀ.ਡੀ. ਕਾਲੀਆ ਹਮਦਮ ਨੇ ਡਾ. ਰਤਨ ਅੰਮ੍ਰਿਤਸਰੀ ਨਾਲ ਆਪਣੀ ਤੀਹ ਸਾਲ ਪੁਰਾਣੀ ਸਾਂਝ ਤਾਜ਼ਾ ਕਰਦਿਆਂ ਉਨ੍ਹਾਂ ਦੀ ਸਾਦ ਮੁਰਾਦੀ ਸ਼ਾਇਰੀ ਦੀ ਸਿਫ਼ਤ ਕਰਦਿਆਂ, ਇੱਕ ਪੁਰਾਣਾ ਯਾਦਗਾਰੀ ਪੱਤਰ ਉਨ੍ਹਾਂ ਦੇ ਪੁੱਤਰਾਂ ਨੂੰ ਸੌਂਪਿਆ। ਸ. ਜਸਪਾਲ ਸਿੰਘ ਦੇਸੂਵੀ ਨੇ ਕਿਹਾ 'ਚੰਗੀ ਰੂਹ ਨੂੰ ਯਾਦ ਕਰਨਾ ਇੱਕ ਚੰਗੀ ਪਰਿਵਾਰਕ ਸਾਂਝ ਦਾ ਪ੍ਰਤੀਕ ਹੈ' ਅਤੇ ਕਿਹਾ ਜਦੋਂ ਤੋਂ ਦੂਰ ਹੋਇਆ ਹਾਂ ਬੜਾ ਮਜ਼ਬੂਰ ਹੋਇਆ ਹਾਂ ਅਤੇ 'ਨਹੀਂ ਲੱਗਦਾ ਦਿਲ ਮੇਰਾ ਦਿਲਦਾਰ ਦੇ ਬਾਝੋਂ'। ਐਸ.ਕੇ. ਵਰਮਾ ਜੀ ਨੇ ਡਾ. ਰਤਨ ਦੀ ਹਾਂ-ਪੱਖੀ ਸੋਚ ਦੀ ਗੱਲ ਕੀਤੀ। ਮੋਹਨਬੀਰ ਸਿੰਘ ਸ਼ੇਰਗਿੱਲ ਜੀ ਨੇ ਕਿਹਾ ਕਿ ਸ਼ਰਮਾ ਪਰਿਵਾਰ ਦੁਆਰਾ 20 ਸਾਲਾ ਡਾ. ਰਤਨ ਸਮ੍ਰਿਤੀ ਸਮਾਰੋਹ ਮਨਾਇਆ ਜਾਣਾ ਅਜੋਕੇ ਸਮੇਂ ਲਈ ਸ਼ੁੱਭ ਸੰਦੇਸ਼ ਹੈ। ਕਰਨਲ ਜਸਬੀਰ ਭੁੱਲਰ ਨੇ ਬਹੁਤ ਹੀ ਸੁੰਦਰ ਸ਼ਬਦਾਂ ਵਿੱਚ ਫੁਰਮਾਇਆ 'ਤੇਰੇ ਜਿਸਮ ਨੂੰ ਛੂਹ ਕੇ ਮੈਂ ਇਹ ਮਹਿਸੂਸ ਕਰਦਾ ਹਾਂ, ਕਿ ਸੂਰਜ ਹੱਥਾਂ ਵਿੱਚ ਫੜ੍ਹਨਾ ਕੋਈ ਮੁਸ਼ਕਿਲ ਨਹੀਂ ਹੁੰਦਾ'। ਪ੍ਰੋ. ਮਨਮੋਹਨ ਸਿੰਘ ਦਾਊਂ ਨੇ ਪ੍ਰਧਾਨਗੀ ਭਾਸ਼ਣ ਦਿੰਦਿਆਂ ਸਾਰੇ ਪ੍ਰੋਗਰਾਮ ਨੂੰ ਇੱਕ ਸਫਲ ਸ਼ਰਧਾਂਜਲੀ ਸਮਾਗਮ ਵਜੋਂ ਗਰਦਾਨਿਆ ਅਤੇ ਇਸ ਗੱਲੋਂ ਖੁਸ਼ੀ ਦਰਸਾਈ ਕਿ ਇਹ ਪਰਿਵਾਰ ਆਪਣੀਆਂ ਜੜ੍ਹਾਂ ਨਾਲ ਜੁੜਿਆ ਹੋਇਆ ਅਤੇ ਪ੍ਰੇਰਨਾ ਭਰਪੂਰ ਹੈ। ਇਸ ਮੌਕੇ ਸੁਨੀਲ ਕੁਮਾਰ, ਕਮਲ ਅਰੋੜਾ, ਰਤਨ ਬਾਬਕਵਾਲਾ, ਗੁਰਮੀਤ ਸਿੰਗਲ, ਅਨਿਤਾ ਸ਼ਰਮਾ, ਡਾ. ਏਨਾ ਸ਼ਰਮਾ ਆਦਿ ਹਾਜ਼ਰ ਸਨ। ਇਸ ਮੌਕੇ ਪਰਿਵਾਰ ਵੱਲੋਂ ਪ੍ਰਧਾਨਗੀ ਮੰਡਲ ਨੂੰ ਲੋਈਆਂ ਭੇਂਟ ਕੀਤੀਆਂ ਗਈਆਂ ਅਤੇ ਵਾਤਾਵਰਨ ਦੀ ਸੰਭਾਲ ਵਜੋਂ ਸਮੂਹ ਹਾਜ਼ਰੀਨ ਨੂੰ ਪੌਂਦ-ਗਮਲੇ ਭੇਂਟ ਕੀਤੇ ਗਏ। ਇਸ ਮੌਕੇ ਤੇ ਪਰਿਵਾਰਕ ਮੈਂਬਰਾਂ ਨੇ ਸਮੂਹ ਹਾਜ਼ਰੀਨ ਨੂੰ ਚਾਹ-ਪਾਣੀ ਦੀ ਸੇਵਾ ਕਰਕੇ ਸ਼ੁੱਭ ਅਸੀਸਾਂ ਲਈਆਂ। ਡਾ. ਰਤਨ ਜੀ ਦੇ ਵੱਡੇ ਸਪੁੱਤਰ ਡਾ. ਅਸ਼ਵਨੀ ਕੁਮਾਰ ਸ਼ਰਮਾ ਨੇ ਸਭਨਾਂ ਦਾ ਧੰਨਵਾਦ ਕੀਤਾ। ਇਸ ਤਰ੍ਹਾਂ ਇਹ ਸਮਾਗਮ ਆਪਣੀਆਂ ਯਾਦਗਾਰੀ ਪੈੜਾਂ ਛੱਡਦਾ ਹੋਇਆ ਸੰਪੰਨ ਹੋਇਆ। ਬਾਬੂ ਰਾਮ ਦੀਵਾਨਾ ਨੇ ਇਸ ਸਮਾਗਮ ਦੀ ਸਾਰੀ ਕਾਰਵਾਈ ਬਾਖੂਬੀ ਚਲਾਈ।

## ਡੇਂਗੂ ਬੁਖਾਰ ਬਾਰੇ ਜਾਗਰੂਕ ਕੀਤਾ

### ਬੁਖਾਰ ਹੋਣ ਤੇ ਸਿਰਫ਼ ਪੈਰਾਸਿਟਾਮੋਲ ਵਰਤਣ ਦੀ ਸਲਾਹ

ਵਰਲਡ ਪੰਜਾਬੀ ਟਾਈਮਜ਼ ਇੰਦਰਜੀਤ ਸਿੰਘ

ਸੰਗਰੂਰ 5 ਅਕਤੂਬਰ : ਸਿਵਲ ਸਰਜਨ ਡਾਕਟਰ ਕਿਰਪਾਲ ਸਿੰਘ ਜੀ ਦੇ ਹੁਕਮਾਂ ਅਤੇ ਕਾਰਜਕਾਰੀ ਸੀਨੀਅਰ ਮੈਡੀਕਲ ਅਫਸਰ ਡਾਕਟਰ ਮਨੀਤਾ ਬਾਂਸਲ ਜੀ ,ਜਿਲ੍ਹਾ ਐਪੀਡੀਮੈਲੋਜਿਸਟ ਡਾਕਟਰ ਉਪਾਸਨਾ ਬਿੰਦਰਾ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਹੈਲਥ ਸੁਪਰਵਾਈਜ਼ਰ ਬਲਕਾਰ ਸਿੰਘ ਸੋਹੀ ਜੀ,ਚਮਕੌਰ ਸਿੰਘ ਜੀ ਦੀ ਅਗਵਾਈ ਵਿਚ ਆਪਣੇ ਏਰੀਏ ਵਿੱਚ ਹੋ ਰਹੀਆਂ ਕੰਸਟ੍ਰਕਸ਼ਨਜ਼, ਅਤੇ ਆਪਣੇ ਏਰੀਏ ਵਿਚ ਪੈਂਦੇ ਜੰਕ ਯਾਰਡ ਚੈੱਕ ਕੀਤੇ ਲੋਕਾਂ ਨੂੰ ਡੇਂਗੂ ਬੁਖਾਰ ਤੋਂ ਬਚਾਅ, ਉਸਦੇ ਲੱਛਣ ਅਤੇ ਇਲਾਜ ਸੰਬੰਧੀ ਦੱਸਿਆ ਗਿਆ । ਇਸ ਐਕਟੀਵਿਟੀ ਨੂੰ ਕਰਵਾਉਣ ਦਾ ਮੰਤਵ ਡੇਂਗੂ ਬੁਖਾਰ ਤੋਂ ਬਚਾਅ ਸਬੰਧੀ ਜਾਗਰੂਕ ਕਰਨਾ ਹੈ। ਐਕਟੀਵਿਟੀ ਰਾਹੀਂ ਦੱਸਿਆ ਗਿਆ ਕਿ ਡੇਂਗੂ ਕਾਰਨ ਤੇਜ ਬੁਖਾਰ ਮਾਸਪੇਸ਼ੀਆਂ ਵਿਚ ਤੇਜ ਦਰਦ ਚਮੜੀ ਤੇ ਲਾਲ ਦਾਣੇ ਅਤੇ ਗੰਭੀਰ ਸਥਿਤੀ ਵਿੱਚ ਮਸੂੜੇ ਵਿਚੋਂ ਖ਼ੂਨ ਆਉਣਾ ਇਸਦੇ ਲੱਛਣ ਹਨ। ਅਜਿਹੀ ਸਥਿਤੀ ਵਿੱਚ ਨੇੜੇ ਦੀ ਸਰਕਾਰੀ ਸਿਹਤ ਸੰਸਥਾ ਜਾਂ ਹਸਪਤਾਲ ਨਾਲ ਸੰਪਰਕ ਕੀਤਾ ਜਾਵੇ। ਖੜੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜਰੂਰ ਸਾਫ ਕਰੋ, ਪੂਰੀ ਬਾਹਵਾਂ ਦੇ ਕੱਪੜੇ ਪਹਿਨੋ, ਮੱਛਰ ਦਾਨੀ ਅਤੇ ਮੱਛਰ ਵਾਲੀ ਕਰੀਮ ਵਰਤੋ। ਬੁਖਾਰ ਹੋਣ ਤੇ ਸਿਰਫ ਪੈਰਾਸਿਟਾਮੋਲ ਵਰਤੋ। ਟੁੱਟੇ ਬਰਤਨ, ਡ੍ਰਮ, ਟਾਇਰ ,ਖੁੱਲ੍ਹੇ ਵਿੱਚ ਨਾਂ ਰੱਖੋ। ਪਾਣੀ ਅਤੇ ਤਰਲ ਚੀਜ਼ਾਂ ਜਿਆਦਾ ਪੀਓ ਅਤੇ ਆਰਾਮ ਕਰੋ। ਇਸ ਦੌਰਾਨ ਪੈਂਫਲੈਂਟ ਵੀ ਵੰਡੇ ਗਏ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਿਹਤ ਕਰਮਚਾਰੀ , ਰਵਿੰਦਰ ਸ਼ਰਮਾ ,ਇੰਦਰਜੀਤ ਸਿੰਘ , ਮਨਜਿੰਦਰ ਸਿੰਘ , ਸਰਬਜੀਤ ਸਿੰਘ ਨੇ ਪੂਰਨ ਸ਼ਮੂਲੀਅਤ ਕੀਤੀ।

